ਨੰ:11/75/2005-2ਸਿ:3/ 32837

ਪੰਜਾਬ ਸਰਕਾਰ

ਸਿੱਖਿਆ ਵਿਭਾਗ

(ਸਿੱਖਿਆ-3ਸ਼ਾਖਾ)

ਸੇਵਾ ਵਿਖੇ,

ਪ੍ਰਿੰਸੀਪਲ,
ਦੂਨ ਪਬਲਿਕ ਸਕੂਲ, ਕਰਾੜਵਾਲਾ,
ਜ਼ਿਲ੍ਹਾ: ਬਠਿੰਡਾ।

ਮਿਤੀ,ਚੰਡੀਗੜ੍ਹ: 13-12-05

ਵਿਸ਼ਾ:- ਸੀ.ਬੀ.ਐਸ.ਈ.ਨਵੀਂ ਦਿੱਲੀ ਨਾਲ ਐਫੀਲੀਏਸ਼ਨ ਕਰਾਉਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

****

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਤੇ ਆਪਦੇ ਪੱਤਰ ਨੰ: 43/ਡੀ.ਪੀ.ਐਸ./2005-06/ ਮਿਤੀ 4-6-2005 ਦੇ ਹਵਾਲੇ ਵਿੱਚ।

2 ਆਪਦੇ ਸਕੂਲ ਦੀ ਮਿਨੇਜਮਿੰਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਸਮੇਤ ਹਲਫੀਆ ਬਿਆਨ, ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿ:) ਬਠਿੰਡਾ, ਅਤੇ ਡੀ.ਪੀ.ਆਈ.ਪ੍ਰਾਈਵੇਟ ਏਡਿਡ (ਸ) ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜ਼ਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜ਼ਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜ਼ਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜ਼ਮੀ ਹੋਵੇਗਾ ਅਤੇ ਸੀ.ਬੀ.ਐਸ.ਈ. ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜ਼ਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3. ਸੀ.ਬੀ.ਐਸ.ਈ. ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮਿਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

Director,
Doon Sen. Sec. Public School,
Kararwala

ਮਗਲਾ ਪੰਨਾ/2

Director,
Doon Sen. Sec. Public School,
Kararwala

Principal
Doon Sen. Sec. Public School
Kararwala

Principal
Doon Sr. Sec. Public School
Kararwala (BTI)

4. ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜ਼ਿਲ੍ਹੇ ਦੇ ਜ਼ਿਲ੍ਹਾ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾ ਉਪਲਬੱਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਵਿਸ਼ੇਸ਼ ਸਕੱਤਰ,ਸਕੂਲ ਸਿੱਖਿਆ

ਪਿੱਠ ਅੰਕਣ ਨੰ: 11/75/2005-2ਸਿ:3/ ਮਿਤੀ,ਚੰਡੀਗੜ੍ਹ:

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ,ਪ੍ਰਾਈਵੇਟ ਏਡਿਡ (ਸ),ਪੰਜਾਬ,ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ :15/64-2005-ਗਰਾਂਟ-1(2) ਮਿਤੀ 11.11.2005 ਦੇ ਹਵਾਲੇ ਵਿੱਚ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ,ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

ਵਿਸ਼ੇਸ਼ ਸਕੱਤਰ,ਸਕੂਲ ਸਿੱਖਿਆ

Director,
Doon Sen. Sec. Public School,
Kararwala

Principal
Doon Sen. Sec. Public School
Kararwala

English version of original letter in Punjabi (N.O.C.)

No. 11/75/2005 2 Edu.3/32837

To

The Principal,
Doon Public School. Kararwala.
Distt: Bathinda.
Dated Chandigarh 13-12-05.

Sub: - Issuance of N.O.C. for affiliation with C.B.S.E. New Delhi.

Sir,

With reference to your letter No. 43/D.P.S./2005-06 Dated 4.06.2005.
Regarding above cited subject.

After close scrutiny of the documents presented by your management, allied by affidavits and recommendations made by D.E.O. (S.S) Bathinda, D.P.I. Private Aided Schools, N.O.C. is issued by the Punjab Govt. on the following conditions: -

1. In future, in view of any complaint / inspection, if any point is detected, that at the time of obtaining N.O.C. any wrong information is given or terms and conditions laid down by Punjab Govt. are violated or conditions written in the Affidavit are not followed, N.O.C. can be confiscated at any time.
2. Punjabi will be compulsory subject in your school up to matriculation, C.B.S.E. will make effort to give test in Punjabi. In case it is not executed, N.O.C. will be taken back.
3. After affiliation with C.B.S.E. School management will be bound to pay salaries and other perks to the teaching & non-teaching staff at per with their counterparts in the Punjab Govt. education department. In case of non-compliance, N.O.C. will be taken back.
4. Your management and your self must ensure that any information sought by the D.E.O. Bathinda or any other senior officer of education department, at any time will have to be provided to the office concerned at the prescribed time, by your office.

Sd.
Special Secretary Education
Dt. Chandigarh.

Endst. 11/75/2005-2Edu.3.

Copy be sent to D.P.I. department of education, Private Aided Schools Punjab Chandigarh with reference to the office memo No. 15/64–2005–Grant–1(2). Dated 11-11-2005, with the request that the school be inspected minimum once after every five years without fail and report be sent to Punjab Govt. so that it be known whether the school is following the terms and conditions laid down by Punjab Govt. in toto or fails to do so.

Sd.
Special Secretary School Education.

Director
Doon Sen. Sec. Public School
Karariwala

Director,
Doon Sen. Sec. Public School
Kararwala

Principal
Doon Sen. Sec. Public School
Kararwala

Principal
Doon S. Sec. Public School
Kararwala (BTI)